# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-03-2025**

- ਅਮਰੀਕਾ ਵੱਲੋਂ ਰਾਸ਼ਟਰਪਤੀ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਪੌਡ ਕਾਸਟ ਇੰਟਰਵਿਊ ਆਪਣੇ ਸੋਸ਼ਲ ਮੀਡੀਆ ਤੇ ਸਾਂਝਾ ਕੀਤਾ ਗਿਆ ਏ।
- ਸੁਨੀਤਾ ਵਿਲੀਅਮਸ ਸਮੇਤ ਦੋਵੇਂ ਪੁਲਾੜ ਯਾਤਰੀਆਂ ਨੂੰ ਕਲ ਧਰਤੀ ਤੇ ਵਾਪਸ ਲਿਆਂਦਾ ਜਾਵੇਗਾ।
- ਅੰਮ੍ਰਿਤਸਰ ਵਿਚ ਇਕ ਧਾਰਮਿਕ ਅਸਥਾਨ ਤੇ ਹਮਲਾ ਕਰਨ ਦੇ ਦੋਸ਼ੀ ਨੂੰ ਪੁਲਿਸ ਨੇ ਮੁਕਾਬਲੇ ਚ ਕੀਤਾ ਢੇਰ, ਦੂਜਾ ਹਾਲੇ ਵੀ ਫਰਾਰ।
- ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਸ਼ੁਰੂ ਕੀਤੀ ਸੰਪਰਕ ਮੁਹਿੰਮ।

- ਸੂਬੇ ਵਿਚ ਔਰਤਾਂ ਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਇਕ ਹਜ਼ਾਰ ਅਤਿ-ਆਧੁਨਿਕ ਆਂਗਨਵਾੜੀ ਕੇਂਦਰਾਂ ਦਾ ਕੀਤਾ ਜਾ ਰਿਹੈ ਨਿਰਮਾਣ।
- ਪਟਿਆਲਾ ਵਿਚ ਇਕ ਫੌਜੀ ਅਫਸਰ ’ਤੇ ਹਮਲਾ ਕਰਨ ਵਾਲੇ 12 ਪੁਲਿਸ ਮੁਲਾਜਮਾਂ ਨੂੰ ਕੀਤਾ ਮੁਅੱਤਲ।

---------------------------------------------------------------------------

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਅਮਰੀਕਾ ਦੇ ਪੋਡਕਾਸਟਰ ਅਤੇ AI Researcher, Lex Fridman ਨਾਲ podcast ਇੰਟਰਵਿਊ, ਆਪਣੇ Truth Social ਪਲੇਟਫਾਰਮ 'ਤੇ ਸਾਂਝਾ ਕੀਤਾ ਏ। ਇੰਟਰਵਿਊ 'ਚ, ਸ਼੍ਰੀ ਮੋਦੀ ਨੇ ਕਿਹਾ ਕਿ, ਡੋਨਾਲਡ ਟਰੰਪ ਆਪਣੇ ਪਹਿਲੇ ਕਾਰਜਕਾਲ ਦੇ ਮੁਕਾਬਲੇ, ਇਸ ਵਾਰ ਰਾਸ਼ਟਰਪਤੀ ਬਣਨ ਲਈ ਜ਼ਿਆਦਾ ਤਿਆਰ ਨੇ।

ਉਨ੍ਹਾਂ ਨੇ ਰਾਸ਼ਟਰਪਤੀ ਟਰੰਪ ਨਾਲ ਆਪਣੇ ਸਬੰਧਾਂ ਬਾਰੇ ਵੀ ਗੱਲ ਕੀਤੀ। ਤਿੰਨ ਘੰਟੇ ਤੋਂ ਵੱਧ ਚੱਲੀ ਗੱਲਬਾਤ ਦੌਰਾਨ, ਪ੍ਰਧਾਨ ਮੰਤਰੀ ਨੇ ਕਿਹਾ ਕਿ, ਉਨ੍ਹਾਂ ਦਾ ਡੋਨਾਲਡ ਟਰੰਪ ਨਾਲ ਚੰਗਾ ਸੰਪਰਕ ਏ, ਕਿਉਂਕਿ

ਦੋਵੇਂ ਆਪਣੇ-ਆਪਣੇ ਦੇਸ਼ਾਂ ਨੂੰ ਪਹਿਲ ਦਿੰਦੇ ਨੇ। ਸ੍ਰੀ ਮੋਦੀ ਨੇ ਕਿਹਾ ਕਿ ਰਿਪਬਲਿਕਨ ਨੇਤਾ Joe Biden ਦੇ ਰਾਸ਼ਟਰਪਤੀ ਦੇ ਕਾਰਜਕਾਲ ਦੌਰਾਨ, ਸ੍ਰੀ ਟਰੰਪ ਦੇ ਅਹੁਦੇ ’ਤੇ ਨਾ ਹੋਣ ਦੇ ਬਾਵਜੂਦ ਵੀ, ਦੋਵਾਂ ਵਿਚਕਾਰ ਆਪਸੀ ਭਰੋਸਾ ਬਰਕਰਾਰ ਰਿਹਾ।

------------------------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ, ਅਮਰੀਕਾ ਦੇ ਨੈਸ਼ਨਲ ਇੰਟੈਲੀਜੈਂਸ ਦੇ ਡਾਇਰੈਕਟਰ Tulsi Gabbard ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ, ਦੋਵਾਂ ਨੇਤਾਵਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰਣਨੀਤਕ ਸੁਰੱਖਿਆ, ਦੋਵਾਂ ਦੇਸ਼ਾਂ ਦਰਮਿਆਨ ਵਿਆਪਕ ਵਿਸ਼ਵ ਰਣਨੀਤਕ ਸਹਿਯੋਗ ਦਾ ਇੱਕ ਅਹਿਮ ਥੰਮ ਏ। ਦੋਵਾਂ ਨੇਤਾਵਾਂ ਨੇ ਫੌਜੀ ਅਭਿਆਸਾਂ, ਰਣਨੀਤਕ ਸਹਿਯੋਗ ਅਤੇ ਸੂਚਨਾ ਸਾਂਝਾਕਰਨ ਸਹਿਯੋਗ ਦੇ ਖੇਤਰਾਂ ਵਿੱਚ, ਭਾਰਤ ਅਤੇ ਅਮਰੀਕਾ ਦਰਮਿਆਨ ਮਹੱਤਵਪੂਰਨ ਪ੍ਰਗਤੀ ਦੀ ਸਮੀਖਿਆ ਕੀਤੀ। ਰੱਖਿਆ ਮੰਤਰਾਲੇ ਨੇ ਕਿਹਾ ਕਿ, ਦੋਵਾਂ ਨੇਤਾਵਾਂ ਨੇ ਅਤਿ - ਆਧੁਨਿਕ ਰੱਖਿਆ

ਨਵੀਨਤਾ ਅਤੇ ਵਿਸ਼ੇਸ਼ ਤਕਨੀਕਾਂ ਵਿੱਚ, ਸਹਿਯੋਗ ਦੇ ਮੌਕਿਆਂ 'ਤੇ ਵੀ ਚਰਚਾ ਕੀਤੀ।

-------------------------------------------------------------------------------

ਕੌਮਾਂਤਰੀ ਪੁਲਾੜ ਸਟੇਸ਼ਨ 'ਤੇ ਨੌਂ ਮਹੀਨਿਆਂ ਤੋਂ ਵੱਧ ਸਮੇਂ ਤੋਂ ਫਸੇ ਦੋ ਅਮਰੀਕੀ ਪੁਲਾੜ ਯਾਤਰੀ ਕੱਲ੍ਹ ਰਾਤ ਧਰਤੀ 'ਤੇ ਪਰਤ ਆਉਣਗੇ। ਨਾਸਾ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਸੁਨੀਤਾ ਵਿਲੀਅਮਜ਼ ਅਤੇ ਬੁੱਚ ਵਿਲਮੋਰ ਨੂੰ ਇੱਕ ਅਮਰੀਕੀ ਅਤੇ ਇੱਕ ਰੂਸੀ ਪੁਲਾੜ ਯਾਤਰੀ ਨਾਲ ਪੁਲਾੜ ਵਾਹਨ SpaceX Crew Dragon ਰਾਹੀਂ ਧਰਤੀ ਤੇ ਵਾਪਿਸ ਲਿਆਂਦਾ ਜਾਏਗਾ । ਕੌਮਾਂਤਰੀ ਪੁਲਾੜ ਸਟੇਸ਼ਨ 'ਤੇ ਫਸੇ ਹੋਏ ਇਹ ਪੁਲਾੜ ਯਾਤਰੀ, ਜੂਨ 2024 ਤੋਂ ਇਸ ਪੁਲਾੜ ਸਟੇਸ਼ਨ 'ਤੇ ਨੇ। ਉਨ੍ਹਾਂ ਨੂੰ ਬੋਇੰਗ ਸਟਾਰਲਾਈਨਰ ਪੁਲਾੜ ਵਾਹਨ ਵਿਚ ਆਈ ਤਕਨੀਕੀ ਖਰਾਬੀ ਕਾਰਨ ਵਾਪਸ ਧਰਤੀ ਤੇ ਨਹੀਂ ਲਿਆਂਦਾ ਜਾ ਸਕਿਆ ਸੀ। ਇਨ੍ਹਾਂ ਦੋਵਾਂ ਦੇ ਨਾਲ ਨਾਸਾ ਦੇ ਪੁਲਾੜ ਯਾਤਰੀ ਨਿਕ ਹੇਗ ਅਤੇ Ros-cosmos, ਅਲੈਗਜ਼ੈਂਡਰ ਗੋਰ-ਬੂਨੋਵ ਵੀ ਡਰੈਗਨ ਕੈਪਸੂਲ 'ਤੇ ਵਾਪਸ ਆਉਣਗੇ ।

---

ਪਿਛਲੇ ਦਿਨੀਂ ਅੰਮ੍ਰਿਤਸਰ ਵਿਚ ਇਕ ਮੰਦਰ ਉੱਤੇ ਹੋਏ ਹਮਲੇ ਦੇ ਇਕ ਦੋਸ਼ੀ ਦੀ ਅੱਜ ਮੁਕਾਬਲੇ ਦੌਰਾਨ ਗੋਲੀ ਲੱਗਣ ਨਾਲ ਮੌਤ ਹੋ ਗਈ। ਇਸ ਮੁਕਾਬਲੇ ਦੌਰਾਨ ਇਕ ਹੈੱਡ ਕਾਂਸਟੇਬਲ ਵੀ ਜ਼ਖ਼ਮੀ ਹੋ ਗਿਆ ਜਦਕਿ ਇਕ ਇੰਸਪੈਕਟਰ ਦਾ ਵਾਲ-ਵਾਲ ਬਚਾਅ ਹੋ ਗਿਆ। ਇਹ ਮੁਕਾਬਲਾ ਅੱਜ ਸਵੇਰੇ ਉਸ ਵੇਲੇ ਹੋਇਆ ਜਦੋਂ ਪੁਲਿਸ ਇਨ੍ਹਾਂ ਦਾ ਪਿੱਛਾ ਕਰ ਰਹੀ ਸੀ। ਇਸ ਦੌਰਾਨ ਦੋਸ਼ੀਆਂ ਨੇ ਪਿੱਛਾ ਕਰ ਰਹੀ ਪੁਲਿਸ ਪਾਰਟੀ ਉੱਤੇ ਗੋਲੀਬਾਰੀ ਕਰ ਦਿੱਤੀ । ਦੋਵੇਂ, ਇਕ ਮੋਟਰਸਾਈਕਲ ਉੱਤੇ ਸਵਾਰ ਸਨ। ਮੁਕਾਬਲੇ ਦੌਰਾਨ ਹੈੱਡ ਕਾਂਸਟੇਬਲ ਗੁਰਪ੍ਰੀਤ ਸਿੰਘ ਜ਼ਖ਼ਮੀ ਹੋ ਗਿਆ ਜਦਕਿ ਇੰਸਪੈਕਟਰ ਅਮੋਲਕ ਸਿੰਘ ਵਾਲ-ਵਾਲ ਬੱਚ ਗਏ। ਇਸ ਦੌਰਾਨ ਦੂਜਾ ਦੋਸ਼ੀ ਭੱਜਣ ਵਿਚ ਕਾਮਯਾਬ ਹੋ ਗਿਆ। ਪੁਲਿਸ ਹਲਕਿਆਂ ਨੇ ਪੁਸ਼ਟੀ ਕੀਤੀ ਏ ਕਿ ਗੋਲੀ ਲੱਗਣ ਤੋਂ ਬਾਅਦ ਜ਼ਖ਼ਮੀ ਹੋਏ ਦੋਸ਼ੀ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਜ਼ਖ਼ਮਾਂ ਦੀ ਤਾਬ ਨਾਲ ਝੱਲਦਾ ਹੋਇਆ ਦਮ ਤੋੜ ਗਿਆ। ਪੁਲਿਸ, ਦੂਜੇ ਦੋਸ਼ੀ ਦੀ ਭਾਲ ਕਰ ਰਹੀ ਏ। ਇਹ ਦੋਵੇਂ 14 ਮਾਰਚ ਦੀ ਰਾਤ ਨੂੰ ਇਕ ਧਾਰਮਿਕ ਸਥਾਨ ਉੱਤੇ ਗ੍ਰਨੇਡ ਵਰਗੀ ਚੀਜ਼ ਸੁੱਟਣ ਵਿਚ ਸ਼ਾਮਲ ਸਨ, ਜਿਸ ਨਾਲ ਉਸ

ਅਸਥਾਨ ਦੀ ਕੰਧ ਨੂੰ ਨੁਕਸਾਨ ਪੁੱਜਾ ਸੀ। ਇਸ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਸੀ।

---------------------------------------------------------------------------------

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੱਗੇ ਸੋਨੇ ਦੀ ਧੁਆਈ ਅਤੇ ਸਾਫ-ਸਫਾਈ ਦੀ ਸੇਵਾ ਅੱਜ ਅਰਦਾਸ ਉਪਰੰਤ ਆਰੰਭ ਕੀਤੀ ਗਈ ਏ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਭਾਈ ਮਹਿੰਦਰ ਸਿੰਘ ਮੁਖੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਨੂੰ ਦਿੱਤੀ ਗਈ ਏ । ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗੇ ਸੋਨੇ ਦੀ ਸਾਫ-ਸਫਾਈ ਅਤੇ ਸਾਂਭ-ਸੰਭਾਲ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਜਾਂਦੀ ਏ ਅਤੇ ਸਮੇਂ-ਸਮੇ ਇਸ ਦੀ ਧੁਆਈ ਦਾ ਕਾਰਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬਾਰਿਸ਼ ਅਤੇ ਪ੍ਰਦੂਸ਼ਣ ਆਦਿ ਕਰਕੇ ਸੋਨੇ ਦੀ ਚਮਕ ਸਮਾਂ ਪਾ ਕੇ ਘਟ ਜਾਂਦੀ ਏ, ਜਿਸ ਦੀ ਸਾਫ-ਸਫਾਈ ਜ਼ਰੂਰੀ ਹੋ ਜਾਂਦੀ ਏ। ਇਹ ਸੇਵਾ ਤਕਰੀਬਨ 10-12 ਦਿਨ ਜਾਰੀ ਰਹੇਗੀ, ਜਿਸ ਤਹਿਤ ਪਾਵਨ ਅਸਥਾਨ ਦੇ ਬਾਹਰੀ ਹਿੱਸੇ

’ਤੇ ਲੱਗੇ ਸੋਨੇ ਦੀ ਧੁਆਈ ਕੁਦਰਤੀ ਢੰਗ ਨਾਲ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸੋਨੇ ਦੀ ਧੁਆਈ ਲਈ ਰੀਠੇ ਨੂੰ ਉਬਾਲ ਕੇ ਉਸ ਦਾ ਪਾਣੀ ਅਤੇ ਨਿੰਬੂ ਦਾ ਰਸ ਵਰਤਿਆ ਜਾਂਦਾ ਏ। ਇਹ ਬਿਲਕੁਲ ਕੁਦਰਤੀ ਤਰੀਕਾ ਏ ਅਤੇ ਇਸ ਵਿਚ ਕਿਸੇ ਵੀ ਰਸਾਇਣ ਦੀ ਵਰਤੋਂ

ਨਹੀਂ ਕੀਤੀ ਜਾਂਦੀ।

--------------------------------------------------------------------------------

ਯੁੱਧ ਨਸਿਆਂ ਵਿਰੁੱਧ ਮੁਹਿੰਮ ਤਹਿਤ ਫਤਿਹਗੜ੍ਹ ਸਾਹਿਬ ਦੇ ਬਸੀ ਪਠਾਣਾ ਵਿਖੇ ਐਸਡੀਐਮ ਹਰਵੀਰ ਕੋਰ ਦੀ ਅਗਵਾਈ ਵਿੱਚ ਇੱਕ ਜਾਗਰੂਕਤਾ ਰੈਲੀ ਕੱਢੀ ਗਈ । ਰੈਲੀ ਦੀ ਅਗਵਾਈ ਕਰਦਿਆਂ ਬਸੀ ਪਠਾਣਾ ਦੀ ਐਸਡੀਐਮ ਹਰਵੀਰ ਕੋਰ ਨੇ ਦੱਸਿਆ .Byte :- ਇਹ ਰੈਲੀ ਆਈਟੀਆਈ ਬਸੀ ਪਠਾਣਾ ਤੋਂ ਸ਼ੁਰੂ ਹੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ’ਚੋਂ ਹੁੰਦੀ ਹੋਈ ਆਈਟੀਆਈ ਪਹੁੰਚ ਕੇ ਸੰਪੰਨ ਹੋਈ ।

--------------------------------------------------------------------------------

ਜਲੰਧਰ ਨੂੰ ਨਸ਼ਾ ਮੁਕਤ ਸ਼ਹਿਰ ਬਣਾਉਣ ਲਈ 'ਸੰਪਰਕ' ਨਾਮਕ ਆਪਣੀ ਤਰ੍ਹਾਂ ਦੇ ਪਹਿਲੇ ਜਨਤਕ ਗੱਲਬਾਤ ਪ੍ਰੋਗਰਾਮ ਵਿੱਚ,

ਪੁਲਿਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਨੇ ਅੱਜ ਲੋਕਾਂ ਨੂੰ ਜ਼ਿਲ੍ਹੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਇੱਕਜੁੱਟ ਹੋਣ ਦਾ ਸੱਦਾ ਦਿੱਤਾ ਏ। ਡੀਏਵੀ ਕਾਲਜ ਜਲੰਧਰ ਵਿਖੇ ਲੋਕਾਂ ਨਾਲ ਗੱਲਬਾਤ ਦੌਰਾਨ, ਸੀਪੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬੀਆਂ ਨੂੰ ਵਿਰੋਧੀ ਹਾਲਾਤ ਵਿੱਚ ਵੀ ਉੱਤਮਤਾ ਪ੍ਰਾਪਤ ਕਰਨ ਦੀ ਅਦੁੱਤੀ ਭਾਵਨਾ ਦੀ ਬਖਸ਼ਿਸ਼ ਪ੍ਰਾਪਤ ਏ। ਪੰਜਾਬ ਦੇ ਕਾਲੇ ਦੌਰ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਪੰਜਾਬ ਨੇ ਉਨ੍ਹਾਂ 'ਕਾਲੇ ਦਿਨਾਂ' ਨੂੰ ਵੀ ਪਾਰ ਕਰ ਲਿਆ ਕਿਉਂਕਿ ਉਨ੍ਹਾਂ ਦੀ ਦ੍ਰਿੜ ਵਚਨਬੱਧਤਾ ਅਤੇ ਰਾਜ ਨੂੰ ਇੱਕ ਸ਼ਾਂਤੀਪੂਰਨ ਅਤੇ ਪ੍ਰਗਤੀਸ਼ੀਲ ਰਾਜ ਬਣਾਉਣ ਦੀ ਦ੍ਰਿੜਤਾ ਸੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹੇ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਉਸੇ ਭਾਵਨਾ ਨੂੰ ਅਪਣਾਉਣ। ਉਨ੍ਹਾਂ ਜਨਤਾ ਨੂੰ ਸੱਦਾ ਦਿੱਤਾ ਕਿ ਉਹ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਖੁੱਲ੍ਹ ਕੇ ਸੂਚਨਾ ਦੇਣ ਤਾਂ ਜੋ ਨਸ਼ਿਆਂ ਦੀ ਸਪਲਾਈ ਚੇਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਤੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਜਨਤਕ ਗੱਲਬਾਤ ਦਾ ਮੂਲ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ

ਦੇ ਖ਼ਤਰੇਵਿੱਚ ਪੈਣ ਤੋਂ ਬਚਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਕਰਨ ਵਾਲਿਆਂ ਦੇ ਮਾਪਿਆਂ ਅਤੇ ਰਿਸ਼ਤੇਦਾਰਾਂ ਨੂੰ ਇਸ ਕੋਹੜ ਦੇ ਇਲਾਜ ਲਈ ਅੱਗੇ ਆਉਣਾ ਚਾਹੀਦਾ ਏ।

-----------------------------------------------------------------------------------

ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਏ। ਇਸੇ ਉਦੇਸ਼ ਦੀ ਪੂਰਤੀ ਲਈ ਸੂਬੇ ਵਿੱਚ ਇਕ ਹਜ਼ਾਰ ਅਤਿ-ਆਧੁਨਿਕ ਆਂਗਨਵਾੜੀ ਸੈਂਟਰਾਂ ਦਾ

ਨਿਰਮਾਣ ਕੀਤਾ ਜਾ ਰਿਹਾ ਏ। ਇਹ ਪ੍ਰਗਟਾਵਾ ਕਰਦਿਆਂ ਸੂਬੇ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੱਸਿਆ ਕਿ ਇਨ੍ਹਾਂ ਆਂਗਨਵਾੜੀ ਸੈਂਟਰਾਂ ਲਈ 100 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਉਹਨਾਂ ਇਹ ਵੀ ਦੱਸਿਆ ਕਿ ਪ੍ਰਤੀ ਆਂਗਨਵਾੜੀ ਸੈਂਟਰ ਦੇ ਨਿਰਮਾਣ ਲਈ 10 ਲੱਖ ਰੁਪਏ ਦੀ ਲਾਗਤ ਆਵੇਗੀ। ਉਹਨਾਂ ਅੱਗੇ ਦੱਸਿਆ ਕਿ ਆਂਗਨਵਾੜੀ ਸੈਂਟਰਾਂ ਦੀ ਉਸਾਰੀ ਦਾ ਕੰਮ ਪੇਂਡੂ ਵਿਕਾਸ ਵਿਭਾਗ ਅਧੀਨ ਚੱਲ ਰਿਹਾ

ਏ ਤੇ 111 ਆਂਗਣਵਾੜੀ ਸੈਂਟਰਾਂ ਦੇ ਨਿਰਮਾਣ ਦਾ ਕੰਮ ਮੁਕੰਮਲ ਹੋ ਚੁੱਕਿਆ ਏ ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਦੇ ਪਿੰਡ ਚਮੇਲੀ ਵਿਖੇ ਪਿੰਡ ਦੇ ਵਿਕਾਸ ਕਾਰਜਾਂ ਲਈ ਸਰਪੰਚ ਦਿਲਬਾਗ ਸਿੰਘ ਬਰਾੜ ਨੂੰ ਪੰਜ ਲੱਖ ਰੁਪਏ ਦਾ ਚੈੱਕ ਸੌਂਪਿਆ।

ਇਸ ਮੌਕੇ ਸਪੀਕਰ ਸੰਧਵਾਂ ਨੇ ਦੱਸਿਆ ਕਿ ਪਿੰਡਾਂ ਦੀਆਂ ਪੰਚਾਇਤਾਂ ਦੇ ਉਸਾਰੂ ਸੋਚ ਰੱਖਣ ਵਾਲੇ ਸੂਝਵਾਨ ਨੁਮਾਇੰਦੇ ਖੁਦ ਵੀ ਵਿਕਾਸ ਕਾਰਜਾਂ ਉਪਰ ਪੱਲਿਉਂ ਖਰਚ ਕਰਨ ਲਈ ਤਤਪਰ ਰਹਿੰਦੇ ਨੇ। ਸਰਕਾਰ ਵੱਲੋਂ ਪਿੰਡਾਂ ਨੂੰ ਹਰ ਪੱਖੋਂ ਸੋਹਣਾ ਬਣਾਉਣ ਲਈ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਆਵੇਗੀ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੌਰਾਨ ਜੇਕਰ ਕੋਈ ਠੇਕੇਦਾਰ ਮਿਆਰੀ ਸਾਮਾਨ ਨਹੀਂ ਵਰਤਦਾ ਤਾਂ ਉਸ ਖਿਲਾਫ਼ ਬਾਕਾਇਦਾ ਕਾਰਵਾਈ ਕੀਤੀ ਜਾਵੇਗੀ ।

---------------------------------------------------------------------------

ਪਟਿਆਲਾ 'ਚ ਪੰਜਾਬ ਪੁਲਿਸ ਦੇ ਮੁਲਾਜ਼ਮਾਂ ਵੱਲੋਂ ਭਾਰਤੀ ਫੌਜ

ਦੇ ਕਰਨਲ ਤੇ ਉਨ੍ਹਾਂ ਦੇ ਬੇਟੇ ਨਾਲ ਝਗੜਾ ਕਰਨ ਦੇ ਮਾਮਲੇ ਤਹਿਤ ਇਹਨਾਂ ਮੁਲਾਜ਼ਮਾਂ ’ਤੇ ਵੱਡਾ ਐਕਸ਼ਨ ਲੈਂਦੇ ਹੋਏ 12 ਪੁਲਿਸ ਮੁਲਾਜ਼ਮਾਂ ਨੂੰ ਸਸਪੈਂਡ ਕਰ ਕੇ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ। ਪਟਿਆਲਾ ਦੇ ਐਸਐਸਪੀ ਨਾਨਕ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਿਸ ਭਾਰਤੀ ਫੌਜ਼ ਦਾ ਪੂਰਾ ਸਨਮਾਨ ਕਰਦੀ ਏ ਤੇ ਇਸ ਮਾਮਲੇ ਵਿਚ ਸਿਵਲ ਲਾਈਨ ਥਾਣੇ ਵਿਖੇ F I R ਵੀ ਦਰਜ ਕੀਤੀ ਗਈ ਏ। SSP Byte-- ਇਹ ਘਟਨਾ 13-14 ਮਾਰਚ ਦੀ ਰਾਤ ਨੂੰ ਪਟਿਆਲਾ 'ਚ ਰਾਜਿੰਦਰਾ ਹਸਪਤਾਲ ਨੇੜੇ ਪਾਰਕਿੰਗ ਨੂੰ ਲੈ ਕੇ ਵਾਪਰੀ ਸੀ ਜਿਸ ਵਿਚ ਪੰਜਾਬ ਪੁਲਿਸ ਦੇ ਤਿੰਨ SHOs ਅਤੇ ਹੋਰ ਮੁਲਾਜ਼ਮਾਂ ਵੱਲੋਂ ਕਰਨਲ ਅਤੇ ਉਨ੍ਹਾਂ ਦੇ ਪੁੱਤਰ ਨਾਲ ਮਾਰਕੁੱਟ ਕੀਤੀ ਗਈ ਸੀ ਜਿਸ ਵਿਚ ਕਰਨਲ ਦੀ ਬਾਂਹ ਟੁੱਟ ਗਈ ਸੀ ਅਤੇ ਉਨ੍ਹਾਂ ਦੇ ਪੁੱਤਰ ਦੇ ਸਿਰ 'ਤੇ ਡੂੰਘੀਆਂ ਸੱਟਾਂ ਲੱਗੀਆਂ ਸਨ ।

---------------------------------------------------------------------------

ਆਖਿਰ ’ਚ ਮੁੱਖ ਖਬਰਾਂ ਇਕ ਵਾਰ ਫਿਰ ਤੋਂ

- ਅਮਰੀਕਾ ਦੇ ਰਾਸ਼ਟਰਪਤੀ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਪੌਡ ਕਾਸਟ ਇੰਟਰਵਿਊ ਆਪਣੇ ਸੋਸ਼ਲ ਮੀਡੀਆ ਤੇ ਸਾਂਝਾ ਕੀਤਾ ਗਿਆ ਏ।
- ਸੁਨੀਤਾ ਵਿਲੀਅਮਸ ਸਮੇਤ ਦੋਵੇਂ ਪੁਲਾੜ ਯਾਤਰੀਆਂ ਨੂੰ ਕਲ ਧਰਤੀ ਤੇ ਵਾਪਸ ਲਿਆਂਦਾ ਜਾਵੇਗਾ।
- ਅੰਮ੍ਰਿਤਸਰ ਵਿਚ ਇਕ ਧਾਰਮਿਕ ਅਸਥਾਨ ਤੇ ਹਮਲਾ ਕਰਨ ਦੇ ਦੋਸ਼ੀ ਨੂੰ ਪੁਲਿਸ ਨੇ ਮੁਕਾਬਲੇ ਚ ਕੀਤਾ ਢੇਰ, ਦੂਜਾ ਹਾਲੇ ਵੀ ਫਰਾਰ
- ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਸ਼ੁਰੂ ਕੀਤੀ ਸੰਪਰਕ ਮੁਹਿੰਮ।
- ਸੂਬੇ ਵਿਚ ਔਰਤਾਂ ਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਇਕ ਹਜ਼ਾਰ ਅਤਿ ਆਧੁਨਿਕ ਆਂਗਨਵਾੜੀ ਕੇਂਦਰਾਂ ਦਾ ਕੀਤਾ ਜਾ ਰਿਹੈ ਨਿਰਮਾਣ
- ਪਟਿਆਲਾ ਵਿਚ ਇਕ ਫੌਜੀ ਅਫਸਰ ਤੇ ਹਮਲਾ ਕਰਨ ਵਾਲੇ 12 ਪੁਲਿਸ ਮੁਲਾਜਮਾਂ ਨੂੰ ਕੀਤਾ ਮੁਅਤਲ